## ਨਾਂਵ

ਕਿਸੇ ਵਿਅਕਤੀ, ਜੀਵ, ਥਾਂ, ਵਸਤੂ, ਹਾਲਾਤ, ਗੁਣ, ਭਾਵ ਆਦਿ ਲਈ ਵਰਤੇ ਜਾਂਦੇ ਸ਼ਬਦਾ ਨੂੰ ਨਾਂਵ ਕਿਹਾ ਜਾਂਦਾ ਹੈ; ਜਿਵੇ- ਰਸੋਈ, ਇਲਾਚੀ, ਅੰਬਚੂਰ ਆਦਿ।

**ਨਾਂਵ ਪੰਜ ਪ੍ਰਕਾਰ ਦੇ ਹੁੰਦੇ ਹਨ :**

1. ਆਮ ਨਾਂਵ ਜਾਂ ਜਾਤੀ ਵਾਚਕ ਨਾਂਵ
2. ਖ਼ਾਸ ਨਾਂਵ
3. ਇਕੱਠ-ਵਾਚਕ ਨਾਂਵ
4. ਭਾਵ-ਵਾਚਕ ਨਾਂਵ
5. ਪਦਾਰਥ-ਵਾਚਕ ਨਾਂਵ

1. **ਆਮ ਨਾਂਵ ਜਾਂ ਜਾਤੀ-ਵਾਚਕ ਨਾਂਵ** - ਜਿਹੜੇ ਸ਼ਬਦ ਕਿਸੇ ਜਾਤੀ ਦੀ ਹਰ ਇੱਕ ਵਸਤੂ ਲਈ ਲਈ ਸਾਂਝੇ ਤੌਰ 'ਤੇ ਵਰਤੇ ਜਾਣ, ਉਹਨਾਂ ਨੂੰ ਆਮ ਨਾਂਵ ਕਿਹਾ ਜਾਂਦਾ ਹੈ; ਜਿਵੇਂ- ਦੇਸ, ਮੁੰਡਾ, ਪਿੰਡ ਆਦਿ।
2. **ਖਾਸ ਨਾਂਵ -** ਜਿਹੜੇ ਸ਼ਬਦ ਕਿਸੇ ਖ਼ਾਸ ਵਿਅਕਤੀ, ਵਸਤੂ ਜਾਂ ਸਥਾਨ ਲਈ ਵਰਤੇ ਜਾਣ ਉਹਨਾਂ ਨੂੰ ਖ਼ਾਸ ਨਾਂਵ ਕਿਹਾ ਜਾਂਦਾ ਹੈ; ਜਿਵੇਂ- ਭਾਰਤ, ਫ਼ਰੀਦਕੋਟ, ਹਰਿਮੰਦਿਰ ਸਾਹਿਬ ਆਦਿ।
3. **ਇਕੱਠ-ਵਾਚਕ ਨਾਂਵ -** ਜੋ ਸ਼ਬਦ ਗਿਣਨਯੋਗ ਵਸਤੂਆਂ ਦੇ ਇਕੱਠ ਲਈ ਵਰਤੇ ਜਾਣ, ਉਨ੍ਹਾਂ ਨੂੰ ਇਕੱਠ-ਵਾਚਕ ਨਾਂਵ ਕਿਹਾ ਜਾਂਦਾ ਹੈ; ਜਿਵੇ- ਫੌਜ਼, ਜਮਾਤ, ਸਭਾ ਆਦਿ।
4. **ਵਸਤੂ-ਵਾਚਕ ਨਾਂਵ** - ਜਿਹੜੇ ਸ਼ਬਦਾਂ ਤੋਂ ਤੋਲਣ, ਮਿਣਨ ਜਾਂ ਮਾਪੀਆਂ ਜਾਣ ਵਾਲੀਆਂ ਵਸਤੂਆਂ ਦੇ ਨਾਂ ਦਾ ਬੋਧ ਹੋਵੇ, ਉਨ੍ਹਾਂ ਨੂੰ ਵਸਤੂ-ਵਾਚਕ ਨਾਂਵ ਆਖਿਆ ਜਾਂਦਾ ਹੈ; ਜਿਵੇਂ- ਪਾਣੀ, ਤੇਲ, ਸੋਨਾ, ਚਾਂਦੀ, ਕੱਪੜਾ, ਮਿੱਟੀ ਆਦਿ।
5. **ਭਾਵ-ਵਾਚਕ ਨਾਂਵ** - ਜਿਹੜੇ ਸ਼ਬਦਾਂ ਤੋਂ ਕਿਸੇ ਭਾਵ, ਗੁਣ ਜਾਂ ਹਾਲਤ ਆਦਿ ਦਾ ਗਿਆਨ ਹੋਵੇ, ਉਨ੍ਹਾਂ ਨੂੰ ਭਾਵ-ਵਾਚਕ ਨਾਂਵ ਆਖਿਆ ਜਾਂਦਾ ਹੈ; ਜਿਵੇਂ- ਹਾਸਾ, ਰੋਣਾ, ਸ਼ਰਧਾ, ਸੱਚ, ਖ਼ੁਸ਼ੀ, ਗ਼ਮੀ, ਪਿਆਰ ਆਦਿ।